# ਸੁਰਜੀਤ ਪਾਤਰ

ਸਮਕਾਲੀ ਪੰਜਾਬੀ ਕਾਵਿ-ਜਗਤ ਵਿੱਚ ਸੁਰਜੀਤ ਪਾਤਰ ਵਿਸ਼ੇਸ਼ ਥਾਂ ਰੱਖਦਾ ਹੈ। ਉਹ ਆਪਣੀ ਸੰਵੇਦਨਾ ਤੇ ਮੌਲਿਕ ਕਾਵਿ-ਸੰਚਾਰ ਲਹਿਜ਼ੇ ਕਾਰਨ ਹੋਰਨਾਂ ਕਵੀਆਂ ਤੋਂ ਅੱਡਰਾ ਹੈ। ਸੁਰਜੀਤ ਪਾਤਰ ਕਾਵਿ ਦੀ ਲੋਕਪ੍ਰਿਅਤਾ ਏਨੀ ਹੈ ਕਿ ਉਹ ਆਧੁਨਿਕ ਪੰਜਾਬੀ ਕਵਿਤਾ ਵਿੱਚ ਸਭ ਤੋਂ ਵੱਧ ਪੜ੍ਹਿਆ ਤੇ ਸਤਿਕਾਰਿਆ ਜਾਣ ਵਾਲਾ ਪ੍ਰਸਿੱਧ ਸ਼ਾਇਰ ਹੈ। ਉਸ ਦੀ ਕਾਵਿ ਸ਼ੈਲੀ ਵਿੱਚ ਲੋਕ-ਕਾਵਿ ਵਰਗੀ ਸ਼ੈਲੀ ਵਿੱਦਮਾਨ ਹੈ।

ਸੁਰਜੀਤ ਪਾਤਰ ਦਾ ਜਨਮ 14 ਜਨਵਰੀ 1945 ਨੂੰ ਮਾਤਾ ਗੁਰਬਖਸ਼ ਕੌਰ, ਪਿਤਾ ਹਰਭਜਨ ਸਿੰਘ ਦੇ ਘਰ ਪਿੰਡ ਪੱਤੜ ਕਲਾਂ, ਜ਼ਿਲ੍ਹਾ ਜਲੰਧਰ(ਪੰਜਾਬ) ਵਿੱਚ ਹੋਇਆ। ਉਸ ਨੇ ਬੀ.ਏ. ਪੱਧਰ ਦੀ ਪੜ੍ਹਾਈ ਸਰਕਾਰੀ ਕਾਲਜ ਕਪੂਰਥਲਾ ਤੋਂ ਕੀਤੀ। ਐਮ.ਏ. ਪੰਜਾਬੀ, ਪੰਜਾਬੀ ਯੂਨੀਵਰਸਿਟੀ ਪਟਿਆਲਾ ਤੋਂ ਗੋਲਡ ਮੈਡਲ ਨਾਲ ਹਾਸਲ ਕੀਤੀ। ਪੀ.ਐਚ.ਡੀ. ਦੀ ਡਿਗਰੀ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਤੋਂ ਪ੍ਰਾਪਤ ਕੀਤੀ। ਵੱਖ-ਵੱਖ ਕਾਲਜਾਂ ਵਿੱਚ ਪੜ੍ਹਾਉਣ ਉਪਰੰਤ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵਿੱਚ ਸੇਵਾ ਨਿਭਾਈ। ਅੱਜ-ਕੱਲ੍ਹ ਉਹ ਗੁਰੂ ਗ੍ਰੰਥ ਸਾਹਿਬ ਯੂਨੀਵਰਸਿਟੀ ਫਤਹਿਗੜ੍ਹ ਸਾਹਿਬ ਵਿਖੇ ਆਪਣੀਆਂ ਸੇਵਾਵਾਂ ਨਿਭਾ ਰਿਹਾ ਹੈ। ਉਸ ਦੀ ਕਾਵਿਕ ਪ੍ਰਤਿਭਾ ਕਰਕੇ ਉਸ ਨੂੰ ਅਨੇਕਾਂ ਸਨਮਾਨਾਂ ਨਾਲ ਨਿਵਾਜਿਆ ਗਿਆ ਹੈ। ਭਾਰਤੀ ਸਾਹਿਤ ਅਕਾਦਮੀ ਦਿੱਲੀ ਵੱਲੋਂ ਉਸ ਦੀ ਕਾਵਿ ਪੁਸਤਕ 'ਹਨੇਰੇ ਵਿੱਚ ਸੁਲਗਦੀ ਵਰਣਮਾਲਾ' ਨੂੰ ਇਨਾਮ ਮਿਲ ਚੁੱਕਿਆ ਹੈ। ਉਸ ਨੂੰ ਪਦਮ ਸ਼੍ਰੀ, ਸਰਸਵਤੀ ਪੁਰਸਕਾਰ ਦੇ ਨਾਲ-ਨਾਲ ਭਾਸ਼ਾ ਵਿਭਾਗ ਵੱਲੋਂ ਵੀ ਸ਼੍ਰੋਮਣੀ ਕਵੀ ਐਲਾਨਿਆ ਜਾ ਚੁੱਕਾ ਹੈ।

'ਕੋਲਾਜ਼', 'ਹਵਾ ਵਿੱਚ ਲਿਖੇ ਹਰਫ਼', 'ਬਿਰਖ਼ ਅਰਜ਼ ਕਰੇ', 'ਪਤਝੜ ਦੀ ਪਾਜ਼ੇਬ', 'ਸੁਰਜ਼ਮੀਨ' ਆਦਿ ਉਸ ਦੀਆਂ ਮੱਹਤਵਪੂਰਨ ਕਾਵਿ-ਪੁਸਤਕਾਂ ਹਨ। ਪਾਤਰ ਨੇ ਪੰਜਾਬ ਸੰਕਟ ਬਾਰੇ ਭਾਵਪੂਰਤ ਸ਼ਾਇਰੀ ਰਚੀ ਹੈ। ਪਾਤਰ ਆਪਣੀ ਕਾਵਿ-ਸਿਰਜਣਾ ਸਮੇਂ ਦਮਘੋਟੂ ਸਿਸਟਮ ਉੱਤੇ ਤਿੱਖਾ ਵਿਅੰਗ ਕਰਦਾ ਹੈ। ਇੱਥੇ ਸੁਰਜੀਤ ਪਾਤਰ ਦੀਆਂ ਕੁਝ ਕਾਵਿ ਰਚਨਾਵਾਂ ਨੂੰ ਪੇਸ਼ ਕਰਕੇ ਵਿਦਿਆਰਥੀਆਂ ਨੂੰ ਪਾਤਰ ਕਾਵਿ ਤੋਂ ਜਾਣੂ ਕਰਵਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

## ਕੁਛ ਕਿਹਾ ਤਾਂ............(ਗ਼ਜ਼ਲ)

ਕੁਛ ਕਿਹਾ ਤਾਂ ਹਨ੍ਹੇਰਾ  ਜਰੇਗਾ ਕਿਵੇਂ
ਚੁੱਪ ਰਿਹਾ ਤਾਂ ਸ਼ਮ੍ਹਾਦਾਨ ਕੀ ਕਹਿਣਗੇ
ਗੀਤ ਦੀ ਮੌਤ ਇਸ ਰਾਤ ਜੇ ਹੋ ਗਈ
ਮੇਰਾ ਜੀਣਾ ਮੇਰੇ ਯਾਰ ਕਿੰਞ ਸਹਿਣਗੇ

ਇਸ ਅਦਾਲਤ 'ਚ ਬੰਦੇ ਬਿਰਖ਼ ਹੋ ਗਏ
ਫ਼ੈਸਲੇ ਸੁਣਦਿਆਂ ਸੁਣਦਿਆਂ ਸੁਕ ਗਏ
ਆਖੋ ਏਨ੍ਹਾਂ ਨੂੰ ਉਜੜੇ ਘਰੀਂ ਜਾਣ ਹੁਣ
ਇਹ ਕਦੋਂ ਤੀਕ ਏਥੇ ਖੜ੍ਹੇ ਰਹਿਣਗੇ

ਯਾਰ ਮੇਰੇ ਜੁ ਇਸ ਆਸ ਤੇ ਮਰ ਗਏ
ਕਿ ਮੈਂ ਓਨ੍ਹਾਂ ਦੇ ਦੁੱਖ ਦਾ ਬਣਾਵਾਂਗਾ ਗੀਤ
ਜੇ ਮੈਂ ਚੁੱਪ ਹੀ ਰਿਹਾ ਜੇ ਮੈਂ ਕੁਛ ਨਾ ਕਿਹਾ
ਬਣ ਕੇ ਰੂਹਾਂ ਸਦਾ ਭਟਕਦੇ ਰਹਿਣਗੇ

ਜੋ ਬਦੇਸਾਂ 'ਚ ਰੁਲਦੇ ਨੇ ਰੋਜ਼ੀ ਲਈ
ਉਹ ਜਦੋਂ ਦੇਸ ਪਰਤਣਗੇ ਆਪਣੇ ਕਦੀ
ਕੁਝ ਤਾਂ ਸੇਕਣਗੇ ਮਾਂ ਦੇ ਸਿਵੇ ਦੀ ਅਗਨ
ਬਾਕੀ ਕਬਰਾਂ ਦੇ ਰੁੱਖ ਹੇਠ ਜਾ ਬਹਿਣਗੇ

ਕੀ ਇਹ ਇਨਸਾਫ਼ ਹਉਮੈ ਦੇ ਪੁੱਤ ਕਰਨਗੇ

ਕੀ ਇਹ ਖ਼ਾਮੋਸ਼ ਪੱਥਰ ਦੇ ਬੁਤ ਕਰਨਗੇ
ਜੋ ਸਲੀਬਾਂ ਤੇ ਟੰਗੇ ਨੇ ਲੱਥਣੇ ਨਹੀਂ
ਰਾਜ ਬਦਲਣਗੇ ਸੂਰਜ ਚੜ੍ਹਨ ਲਹਿਣਗੇ

ਇਹ ਜੁ ਰੰਗਾਂ 'ਚ ਚਿਤਰੇ ਨੇ ਖੁਰ ਜਾਣਗੇ
ਇਹ ਜੁ ਮਰਮਰ 'ਚ ਉਕਰੇ ਨੇ ਮਿਟ ਜਾਣਗੇ
ਬਲਦੇ ਹੱਥਾਂ ਨੇ ਜਿਹੜੇ ਹਵਾ ਵਿੱਚ ਲਿਖੇ
ਹਰਫ਼ ਓਹੀ ਹਮੇਸ਼ਾਂ ਲਿਖੇ ਰਹਿਣਗੇ

ਇਹ ਵੀ ਸ਼ਾਇਦ ਮੇਰਾ ਆਪਣਾ ਵਹਿਮ ਹੈ
ਕੋਈ ਦੀਵਾ ਜਗੇਗਾ ਮੇਰੀ ਕਬਰ 'ਤੇ
ਜੇ ਹਵਾ ਇਹ ਰਹੀ ਕਬਰਾਂ ਉੱਤੇ ਤਾਂ ਕੀ
ਸਭ ਘਰਾਂ 'ਚ ਵੀ ਦੀਵੇ ਬੁਝੇ ਰਹਿਣਗੇ

**(ਸ਼ਮ੍ਹਾਦਾਨ: ਦੀਵੇ, ਬਿਰਖ: ਰੁੱਖ, ਹਉਮੈ: ਹੰਕਾਰ, ਸਲੀਬਾਂ: ਸੂਲੀਆਂ, ਮਰਮਰ: ਕੂਲਾ ਪੱਥਰ)**

## ਸੁੰਨੇ ਸੁੰਨੇ ਰਾਹਾਂ ਵਿਚ

ਸੁੰਨੇ ਸੁੰਨੇ ਰਾਹਾਂ ਵਿਚ ਕੋਈ ਕੋਈ ਪੈੜ ਏ,
ਦਿਲ ਹੀ ਉਦਾਸ ਏ ਜੀ ਬਾਕੀ ਸਭ ਖੈਰ ਏ।

ਦੂਰ ਇਕ ਪਿੰਡ ਵਿਚ ਛੋਟਾ ਜਿਹਾ ਘਰ ਸੀ।
ਕੱਚੀਆਂ ਸੀ ਕੰਧਾਂ ਉਹਦਾ ਥੋੜਾ ਜਿਹਾ ਦਰ ਸੀ।

ਅੰਮੀ ਮੇਰੀ ਚਿੰਤਾ ਸੀ ਬਾਪੂ ਮੇਰਾ ਡਰ ਸੀ।
ਓਦੋ ਮੇਰੀ ਅਉਧ ਯਾਰੋ ਐਵੇਂ ਫੁੱਲ ਭਰ ਸੀ।

ਜਦੋਂ ਦਾ ਅਸਾਡੇ ਨਾਲ ਖ਼ੁਸ਼ੀਆਂ ਨੂੰ ਵੈਰ ਏ।

ਦੋਦਲੀ ਦਸੂਤੀ ਫੁੱਲ ਪਾਉਣ ਭੈਣਾਂ ਮੇਰੀਆਂ।
ਫੁੱਲੀਆਂ ਨੇ ਕਿੱਕਰਾਂ ਤੇ ਫੁੱਲੀਆਂ ਨੇ ਬੇਰੀਆਂ।
ਕੰਧਾਂ ਨਾਲੋਂ ਉੱਚੀਆਂ ਧਰੇਕਾਂ ਹੋਈਆਂ ਤੇਰੀਆਂ।
ਤੋਰ ਡੋਲੀ ਤੋਰ ਹੁਣ ਕਾਹਦੀਆਂ ਨੇ ਦੇਰੀਆਂ।

ਸਾਹ ਲੈ ਲੋਕਾ ਹਾਲੇ ਮੇਰੀ ਲੇਖਾਂ ਨਾਲ ਕੈੜ ਏ।

ਮੈਲੀ ਜਿਹੀ ਸਿਆਲ ਦੀ ਉਹ ਧੁੰਦਲੀ ਸਵੇਰ ਸੀ।
ਸੂਰਜ ਦੇ ਚੜ੍ਹਨ 'ਚ ਹਾਲੇ ਬੜੀ ਦੇਰ ਸੀ।
ਪਿਤਾ ਪਰਦੇਸ ਗਿਆ ਜਦੋਂ ਪਹਿਲੀ ਵੇਰ ਸੀ।
ਮੇਰੀ ਮਾਂ ਦੇ ਨੈਣਾਂ ਵਿੱਚ ਹੰਝੂ ਤੇ ਹਨ੍ਹੇਰ ਸੀ।

ਹਾਲੇ ਤੀਕ ਨੈਣਾਂ ਵਿੱਚ ਮਾੜੀ ਮਾੜੀ ਗਹਿਰ ਏ।

ਕਿੱਥੋਂ ਦਿਆਂ ਪੰਛੀਆਂ ਨੂੰ ਕਿੱਥੋਂ ਚੋਗਾ ਲੱਭਿਆ।
ਧੀਆਂ ਦੇ ਵਸੇਬੇ ਲਈ ਬਾਪੂ ਦੇਸ ਛੱਡਿਆ।
ਕਿੰਨਾ ਹੈ ਮਹਾਨ ਦੇਸ ਓਦੋਂ ਪਤਾ ਲੱਗਿਆ।
ਡੂੰਘਾ ਮੇਰੀ ਹਿੱਕ 'ਚ ਤਰੰਗਾ ਗਿਆ ਗੱਡਿਆ।

ਝੁਲ ਓ ਤਰੰਗਿਆ ਤੂੰ ਝੁੱਲ ਸਾਡੀ ਖ਼ੈਰ ਏ।

ਸੁੰਨੇ ਸੁੰਨੇ ਰਾਹਾਂ ਵਿੱਚ ਕੋਈ ਕੋਈ ਪੈੜ ਏ।

ਦਿਲ ਹੀ ਉਦਾਸ ਏ ਜੀ ਬਾਕੀ ਸਭ ਖ਼ੈਰ ਏ।

**(ਪੈੜ- ਪੈਦਲ ਚਲਣ ਦੇ ਨਿਸ਼ਾਨ, ਕੈੜ- ਕੁੜੱਤਣ, ਗਹਿਰ- ਹਨੇਰਾ, ਖ਼ੈਰ- ਸਲਾਮਤੀ)**

## ਅਭਿਆਸ ਪ੍ਰਸ਼ਨ

1. ਹੇਠ ਲਿਖੇ ਕਾਵਿ ਬੰਦਾਂ ਦੀ ਪ੍ਰਸੰਗ ਸਹਿਤ ਵਿਆਖਿਆ ਕਰੋ।

(ੳ) ਕੀ ਇਹ ਇਨਸਾਫ਼ ਹਉਮੈ ਦੇ ਪੁੱਤ ਕਰਨਗੇ
ਕੀ ਇਹ ਖ਼ਾਮੋਸ਼ ਪੱਥਰ ਦੇ ਬੁਤ ਕਰਨਗੇ
ਜੋ ਸਲੀਬਾਂ ਤੇ ਟੰਗੇ ਨੇ ਲੱਥਣੇ ਨਹੀਂ
ਰਾਜ ਬਦਲਣਗੇ ਸੂਰਜ ਚੜ੍ਹਨ ਲਹਿਣਗੇ

(ਅ) ਕਿੱਥੋਂ ਦਿਆਂ ਪੰਛੀਆਂ ਨੂੰ ਕਿੱਥੋਂ ਚੋਗਾ ਲੱਭਿਆ।
ਧੀਆਂ ਦੇ ਵਸੇਬੇ ਲਈ ਬਾਪੂ ਦੇਸ ਛੱਡਿਆ।
ਕਿੰਨਾ ਹੈ ਮਹਾਨ ਦੇਸ ਓਦੋਂ ਪਤਾ ਲੱਗਿਆ।
ਡੂੰਘਾ ਮੇਰੀ ਹਿੱਕ 'ਚ ਤਰੰਗਾ ਗਿਆ ਗੱਡਿਆ।

2. 'ਕੁਛ ਕਿਹਾ ਤਾਂ'....ਕਵਿਤਾ ਕਿੰਨਾਂ ਭਾਵਾਂ ਦੀ ਤਰਜ਼ਮਾਨੀ ਕਰਦੀ ਹੈ ?
3. ਕਵੀ ਬਦੇਸ਼ਾਂ 'ਚ ਜਾਣ ਵਾਲੇ ਲੋਕਾਂ ਦੇ ਕਿਹੜੇ ਦੁੱਖਾਂ ਦਾ ਜ਼ਿਕਰ ਕਰਦਾ ਹੈ ?
4. 'ਸੁੰਨੇ ਸੁੰਨੇ ਰਾਹਾਂ ਵਿੱਚ' ਕਵਿਤਾ ਦਾ ਸਾਰ ਲਿਖੋ।

# ਭਾਗ ਦੂਜਾ–ਨਿਬੰਧ

# ਪ੍ਰੋ. ਪੂਰਨ ਸਿੰਘ

ਪ੍ਰੋ. ਪੂਰਨ ਸਿੰਘ ਪੰਜਾਬੀ ਕਾਵਿ ਜਗਤ ਵਿੱਚ ਅਲਬੇਲੇ ਕਵੀ ਵਜੋਂ ਜਾਣਿਆ ਜਾਂਦਾ ਹੈ। ਆਪ ਨੇ ਪੰਜਾਬੀ ਵਿੱਚ ਖੁੱਲ੍ਹੀ ਕਵਿਤਾ(ਛੰਦ ਮੁਕਤ) ਦੀ ਪਿਰਤ ਪਾਈ ਜਿਸ ਨੂੰ ਸੈਲਾਨੀ ਛੰਦ ਦੀ ਸੰਗਿਆ ਵੀ ਦਿੱਤੀ ਜਾਂਦੀ ਹੈ। ਆਪ ਨੇ ਪੰਜਾਬੀ ਕਵਿਤਾ ਵਿੱਚ ਵੱਡਾ ਪਰਿਵਰਤਨ ਲਿਆਂਦਾ। ਇਸ ਪੱਖੋਂ ਆਪ ਦੀ ਕਵਿਤਾ 'ਤੇ ਅਮਰੀਕਨ ਕਵੀ ਵਾਲਟ ਵਿਟਮੈਨ ਦਾ ਪ੍ਰਭਾਵ ਮੰਨਿਆ ਜਾਂਦਾ ਹੈ। ਪ੍ਰੋ. ਪੂਰਨ ਸਿੰਘ ਦੀ ਕਵਿਤਾ ਵਿੱਚ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਦੀ ਝਲਕ ਨਜ਼ਰ ਆਉਂਦੀ ਹੈ।

ਪ੍ਰੋ. ਪੂਰਨ ਸਿੰਘ ਦਾ ਜਨਮ 17 ਜਨਵਰੀ 1881 ਵਿੱਚ ਸਲਹੱਡ, ਐਬਟਾਬਾਦ(ਪਕਿਸਤਾਨ) ਵਿਖੇ ਹੋਇਆ। ਪ੍ਰੋ. ਪੂਰਨ ਸਿੰਘ ਨੇ ਮੁੱਢਲੀ ਵਿੱਦਿਆ ਰਾਵਲਪਿੰਡੀ ਤੋਂ ਹਾਸਿਲ ਕੀਤੀ। ਐਮ.ਐਸ. ਸੀ. ਪਾਸ ਕਰਕੇ ਉਚੇਰੀ ਪੜ੍ਹਾਈ ਲਈ ਜਾਪਾਨ ਗਏ। ਜਾਪਾਨ ਵਿੱਚ ਸਾਹਿਤ ਕਲਾ ਦਾ ਅਧਿਐਨ ਕਰਦਿਆਂ ਆਪ ਨੇ ਬੁੱਧ ਧਰਮ ਦਾ ਵਿਸ਼ੇਸ਼ ਪ੍ਰਭਾਵ ਵੀ ਕਬੂਲਿਆ। ਸਵਾਮੀ ਰਾਮ ਤੀਰਥ ਦੇ ਪ੍ਰਭਾਵ ਅਧੀਨ ਆਪ ਵੇਦਾਂਤੀ ਬਣ ਗਏ, ਅੰਤ ਭਾਈ ਵੀਰ ਸਿੰਘ ਦੀ ਪ੍ਰੇਰਣਾ ਸਦਕਾ ਸਿੰਘ ਸਜ ਗਏ। ਪ੍ਰੋ. ਪੂਰਨ ਸਿੰਘ ਨੇ ਪੰਜਾਬੀ ਤੋਂ ਇਲਾਵਾ ਅੰਗਰੇਜ਼ੀ ਅਤੇ ਹਿੰਦੀ ਵਿੱਚ ਵੀ ਕਲਮ ਅਜ਼ਮਾਈ। 'ਖੁੱਲ੍ਹੇ ਲੇਖ' ਆਪ ਦੀ ਮਹੱਤਵਪੂਰਨ ਕਿਰਤ ਹੈ। 31 ਮਾਰਚ 1931 ਨੂੰ ਪ੍ਰੋ. ਪੂਰਨ ਸਿੰਘ ਦਾ ਦੇਹਾਂਤ ਹੋ ਗਿਆ। 'ਖੁੱਲ੍ਹੇ ਘੁੰਡ', 'ਖੁੱਲ੍ਹੇ ਰੰਗ ਅਸਮਾਨੀ', 'ਖੁੱਲ੍ਹੇ ਮੈਦਾਨ' ਆਪ ਦੀਆਂ ਮਹੱਤਵਪੂਰਨ ਕਾਵਿ ਪੁਸਤਕਾਂ ਹਨ। ਪ੍ਰੋ. ਪੂਰਨ ਸਿੰਘ ਦੀ ਕਵਿਤਾ ਵਿਚਲਾ ਰੁਮਾਂਟਿਕ ਰੰਗ ਆਪ ਨੂੰ ਪੂਰਬਲੇ ਕਵੀਆਂ ਨਾਲੋਂ ਨਿਖੇੜਦਾ ਹੈ। ਇੱਥੇ ਵਿਦਿਆਰਥੀਆਂ ਨੂੰ ਪ੍ਰੋ. ਪੂਰਨ ਸਿੰਘ ਦੀ ਵਾਰਤਕ ਕਲਾ ਤੋਂ ਜਾਣੂ ਕਰਵਾਉਣ ਲਈ ਨਿਬੰਧ ਪੇਸ਼ ਕੀਤਾ ਜਾ ਰਿਹਾ ਹੈ।